## ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ

ਹੁਕਮ ਨੰ: 6/184-2005 ਅ 2(2) ਕੋ:ਸੈਲ:3
ਮਿਤੀ, ਐਸ.ਏ.ਐਸ.ਨਗਰ :-

ਸ਼੍ਰੀਮਤੀ ਰਜਨੀ ਬਾਲਾ, ਮੈਥ ਮਿਸਟ੍ਰੈਸ, ਸਸਸਸ ਭੱਪਲ, ਜ਼ਿਲ੍ਹਾ ਪਟਿਆਲਾ, ਜੋ ਮਿਤੀ 03-04-2004 ਤੋਂ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਚੱਲੀ ਆ ਰਹੀ ਹੈ, ਨੂੰ ਇਸ ਦਫਤਰ ਦੇ ਪੱਤਰ ਨੰ: 6/184-05 ਅ-2 (2) ਮਿਤੀ 14-03-06/20-03-06 ਰਾਹੀਂ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਮਾਂਵਲੀ 1970 ਦੇ ਨਿਯਮ 8 ਦੀ ਧਾਰਾ 5(v-ix) ਅਧੀਨ ਦੋਸ਼ ਸੂਚੀ ਜਾਰੀ ਕੀਤੀ ਗਈ ਸੀ।

ਸ਼੍ਰੀਮਤੀ ਰਜਨੀ ਬਾਲਾ, ਮੈਥ ਮਿਸਟ੍ਰੈਸ, ਸਸਸਸ ਭੱਪਲ, ਜ਼ਿਲ੍ਹਾ ਪਟਿਆਲਾ ਵੱਲੋਂ ਦੋਸ਼ ਸੂਚੀ ਦਾ ਉਤਰ ਪ੍ਰਾਪਤ ਨਾ ਹੋਣ ਕਾਰਨ, ਉਸ ਵਿਰੁੱਧ ਦੋਸ਼ ਸੂਚੀ ਵਿਚ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਇਸ ਦਫਤਰ ਦੇ ਪੱਤਰ ਨੰ: 6/184-05 ਅ-2(2) ਮਿਤੀ 11-02-10/09-03-10 ਰਾਂਹੀ ਸ਼੍ਰੀਮਤੀ ਸੁਰਿੰਦਰ ਵਰਮਾ, ਜਿ:ਸਿ:ਅ:(ਸੈਸਿ) ਪਟਿਆਲਾ ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ ਸੀ ਜੋ ਕਿ ਰਿਟਾਇਰ ਹੋਣ ਕਾਰਨ ਇਸ ਦਫਤਰ ਦੇ ਹੁਕਮ ਨੰ:6/184-05 ਅ 2(5) ਮਿਤੀ 04-05-11/03-11-11 ਰਾਹੀਂ ਸ਼੍ਰੀਮਤੀ ਨਿਸ਼ੀਦਰ ਕੌਰ, ਪ੍ਰਿੰਸੀਪਲ, ਸਸਸਸ ਪੁਰਾਣੀ ਪੁਲਿਸ ਲਾਈਨ, ਪਟਿਆਲਾ ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ। ਪੜਤਾਲੀਆ ਅਫਸਰ ਵੱਲੋਂ ਉਨ੍ਹਾਂ ਦੇ ਪੱਤਰ ਨੰ:3318/2012 ਮਿਤੀ 26.11.12 ਰਾਹੀਂ ਪੜਤਾਲ ਰਿਪੋਰਟ ਭੇਜੀ ਗਈ। ਪੜਤਾਲੀਆ ਅਫਸਰ ਵੱਲੋਂ ਭੇਜੀ ਗਈ ਪੜਤਾਲ ਰਿਪੋਰਟ ਵਿੱਚ ਸਿੱਟਾ ਕੱਢਿਆ ਹੈ ਕਿ ਕਰਮਚਾਰਨ ਨੌਕਰੀ ਕਰਨ ਦੀ ਇਛੁੱਕ ਨਹੀਂ ਹੈ। ਵਿਭਾਗ ਵੱਲੋਂ ਜਾਰੀ ਦੋਸ਼ ਸੂਚੀ ਵਿੱਚ ਲਗਾਏ ਗਏ ਦੋਸ਼ ਸਿੱਧ ਹੁੰਦੇ ਹਨ।

ਕੁਦਰਤੀ ਨਿਆਂ ਨੂੰ ਮੁੱਖ ਰੱਖਦੇ ਹੋਏ ਸ਼੍ਰੀਮਤੀ ਰਜਨੀ ਬਾਲਾ, ਮੈਥ ਮਿਸਟ੍ਰੈਸ, ਸਸਸਸ ਭੱਪਲ, ਜ਼ਿਲ੍ਹਾ ਪਟਿਆਲਾ ਨੂੰ ਆਪਣੀ ਡਿਊਟੀ ਤੋਂ ਅਣ-ਅਧਿਕਾਰਤ ਤੌਰ ਤੇ ਗੈਰ-ਹਾਜ਼ਰ ਰਹਿਣ ਕਾਰਨ ਪਬਲਿਕ ਨੋਟਿਸ ਦਿੱਤਾ ਗਿਆ। ਇਹ ਪਬਲਿਕ ਨੋਟਿਸ ਮਿਤੀ 31-07-15 ਨੂੰ ਅਜੀਤ ਅਖਬਾਰ ਵਿਚ ਪ੍ਰਕਾਸ਼ਿਤ ਹੋਇਆ। ਇਸ ਵਿਚ ਇਸ ਕਰਮਚਾਰਨ ਦਾ ਨਾਂ ਲੜੀ ਨੰ:6 ਤੇ ਸ਼ਾਮਲ ਹੈ। ਕਰਮਚਾਰਨ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿਚ ਜੇਕਰ ਕੁਝ ਕਹਿਣਾ ਚਾਹੁੰਦੀ ਹੈ ਤਾਂ ਨੋਟਿਸ ਛੱਪਣ ਦੇ 21 ਦਿਨਾਂ ਦੇ ਅੰਦਰ ਅੰਦਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕਰਨ ਪਰੰਤੂ ਇਸ ਨੋਟਿਸ ਦੇ ਜਵਾਬ ਵਿਚ ਕਰਮਚਾਰਨ ਨੇ ਨਾ ਤਾਂ ਕੋਈ ਲਿਖਤੀ/ਜੁਬਾਨੀ ਉਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਇਸ ਤੋਂ ਇਹ ਸਪਸ਼ਟ ਹੈ ਕਿ ਕਰਮਚਾਰਨ ਸਰਕਾਰੀ ਨੌਕਰੀ ਚਾਲੂ ਰੱਖਣ ਵਿਚ ਦਿਲਚਸਪੀ ਨਹੀ ਰੱਖਦੀ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਉਪਰੋਕਤ ਦਰਸਾਏ ਦੇ ਸਨਮੁੱਖ ਸ਼੍ਰੀਮਤੀ ਰਜਨੀ ਬਾਲਾ, ਮੈਥ ਮਿਸਟ੍ਰੈਸ, ਸਸਸਸ ਭੱਪਲ, ਜ਼ਿਲ੍ਹਾ ਪਟਿਆਲਾ ਜੋ ਮਿਤੀ 03-04-2004 ਤੋਂ ਹੁਣ ਤੱਕ ਲਗਾਤਾਰ ਅਣਅਧਿਕਾਰਤ ਤੌਰ ਤੇ ਸਰਕਾਰੀ ਡਿਊਟੀ ਤੋਂ ਜਾਣਬੁਝ ਕੇ ਗੈਰ ਹਾਜ਼ਰ ਚੱਲ ਰਹੀ ਹੈ, ਦੀਆਂ ਸੇਵਾਵਾਂ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਮਾਂਵਲੀ 1970 ਦੇ ਨਿਯਮ 5 (viii) ਅਧੀਨ ਉਸ ਦੀਆਂ ਸੇਵਾਵਾਂ ਖਤਮ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ

ਪਿਠ ਅੰਕਣ ਨੰ: ਉਕਤ 17474-78 ਮਿਤੀ, ਐਸ.ਏ.ਐਸ.ਨਗਰ :- 11/9/15

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਸਕੂਲ ਸਿੱਖਿਆ ਵਿਭਾਗ(ਸਿੱਖਿਆ-5 ਸ਼ਾਖਾ)।
2. ਮੰਡਲ ਸਿੱਖਿਆ ਅਫਸਰ, ਨਾਭਾ।
3. ਜਿਲਾ ਸਿੱਖਿਆ ਅਫਸਰ (ਸੈ:ਸਿ), ਪਟਿਆਲਾ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰਨ ਦੀ ਸੇਵਾ ਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾ ਖਤਮ ਕਰਨ ਸਬੰਧੀ ਇੰਦਰਾਜ ਯਕੀਨੀ ਬਣਾਇਆ ਜਾਵੇ ਅਤੇ ਕਾਪੀ ਇਸ ਦਫਤਰ ਨੂੰ ਉਪਲਬੱਧ ਕਰਵਾਈ ਜਾਵੇ। ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।
4. ਰਜਿ ਪ੍ਰਿੰਸੀਪਲ, ਸਸਸਸ ਭੱਪਲ, ਜ਼ਿਲ੍ਹਾ ਪਟਿਆਲਾ ਨੂੰ ਸਬੰਧਤ ਕਰਮਚਾਰਨ ਦੀ ਅਸਲ ਸੇਵਾਪੱਤਰੀ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ। ਇਹ ਹੁਕਮ ਕਰਮਚਾਰਨ ਦੇ ਮੌਜੂਦਾ ਘਰ ਦੇ ਪੱਤੇ ਤੇ ਵੀ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ।
5. ਸ਼੍ਰੀਮਤੀ ਰਜਨੀ ਬਾਲਾ, ਮੈਥ ਮਿਸਟ੍ਰੈਸ, ਸਸਸਸ ਭੱਪਲ, ਜ਼ਿਲ੍ਹਾ ਪਟਿਆਲਾ ।

ਨੱਥੀ: ਸੇਵਾਪੱਤਰੀ(ਅਸਲ)

ਸੁਪਰਡੰਟ ਕੋਆਰਡੀਨੇਸ਼ਨ ਸੈਲ